# Official Spokesperson's response to media queries on allegations by Pakistan regarding Indian forces targeting a U.N. vehicle

December 20, 2020

.......................................................................................................................................

## ਭਾਰਤੀ ਫੌਜਾਂ ਵੱਲੋਂ ਸੰਯੁਕਤ ਰਾਸ਼ਟਰ ਦੀ ਗੱਡੀ ਨੂੰ ਨਿਸ਼ਾਨਾ ਬਣਾਉਣ ਸਬੰਧੀ ਪਾਕਿਸਤਾਨ ਵੱਲੋਂ ਭਾਰਤ 'ਤੇ ਲਾਏ ਇਲਜ਼ਾਮਾਂ ਬਾਰੇ ਮੀਡੀਆ ਦੇ ਸਵਾਲਾਂ ਦਾ ਸਰਕਾਰੀ ਬੁਲਾਰੇ ਵੱਲੋਂ ਜਵਾਬ

20 ਦਸੰਬਰ, 2020

ਭਾਰਤੀ ਫੌਜਾਂ ਵੱਲੋਂ ਸੰਯੁਕਤ ਰਾਸ਼ਟਰ ਦੀ ਗੱਡੀ ਨੂੰ ਨਿਸ਼ਾਨਾ ਬਣਾਉਣ ਸਬੰਧੀ ਪਾਕਿਸਤਾਨ ਵੱਲੋਂ ਭਾਰਤ 'ਤੇ ਲਾਏ ਇਲਜ਼ਾਮਾਂ ਬਾਰੇ ਮੀਡੀਆ ਦੇ ਸਵਾਲਾਂ ਦਾ ਜਵਾਬ ਦਿੰਦੇ ਹੋਏ ਸਰਕਾਰੀ ਬੁਲਾਰੇ ਸ਼੍ਰੀ ਅਨੁਰਾਗ ਸ਼੍ਰੀਵਾਸਤਵ ਨੇ ਕਿਹਾ:

“18 ਦਸੰਬਰ, 2020 ਨੂੰ ਸੰਯੁਕਤ ਰਾਸ਼ਟਰ ਦੀ ਗੱਡੀ ਨੂੰ  ਜਾਣ ਬੁੱਝ ਕੇ ਨਿਸ਼ਾਨਾ ਬਣਾਉਣ ਸਬੰਧੀ ਪਾਕਿਸਤਾਨ ਵੱਲੋਂ ਲਾਏ ਗਏ ਇਲਜ਼ਾਮਾਂ ਦੀ ਵਿਸਥਾਰ ਨਾਲ ਪੜਤਾਲ ਕੀਤੀ ਗਈ ਹੈ ਅਤੇ ਇਹ ਇਲਜ਼ਾਮ ਤੱਥਾਂ ਪੱਖੋਂ ਗਲਤ ਪਾਏ ਗਏ ਹਨ। ਸਾਡੀਆਂ ਫੌਰਵਰਡ ਫੌਜਾਂ ਇਸ ਖੇਤਰ ਵਿੱਚ ਸੰਯੁਕਤ ਰਾਸ਼ਟਰ ਦੇ ਮਿਲਟਰੀ ਅਬਜ਼ਰਵਰਾਂ ਦੇ ਦੌਰੇ ਬਾਰੇ ਜਾਣਦੀਆਂ ਸਨ ਅਤੇ ਉਨ੍ਹਾਂ ਨੇ ਅਖੌਤੀ ਫਾਇਰਿੰਗ ਵਾਲੀ ਕੋਈ ਕਾਰਵਾਈ ਨਹੀਂ ਕੀਤੀ।

ਆਪਣੇ ਕੰਟਰੋਲ ਹੇਠ ਖੇਤਰ ਵਿਚ ਸੰਯੁਕਤ ਰਾਸ਼ਟਰ ਦੇ ਕਾਮਿਆਂ ਦੀ ਸੁਰੱਖਿਆ ਅਤੇ ਸੁਰੱਖਿਆ ਨੂੰ ਯਕੀਨੀ ਬਣਾਉਣ ਵਿੱਚ ਆਪਣੀ ਨਾਕਾਮੀ 'ਤੇ ਪਰਦਾ ਪਾਉਣ ਲਈ ਭਾਰਤ ਵਿਰੁੱਧ ਬੇਬੁਨਿਆਦ ਅਤੇ ਮਨਘੜਤ ਇਲਜ਼ਾਮ ਦੁਹਰਾਉਣ ਦੀ ਥਾਂ ਪਾਕਿਸਤਾਨ ਨੂੰ ਆਪਣੀ ਕਮਜ਼ੋਰੀਆਂ ਦੀ ਜ਼ਿੰਮੇਵਾਰੀ ਨਾਲ ਜਾਂਚ-ਪੜਤਾਲ ਕਰਨੀ ਚਾਹੀਦੀ ਹੈ। ਭਾਰਤ ਨੇ ਪਾਕਿਸਤਾਨੀ ਪੱਖ ਨੂੰ ਇਸ ਗਲਤ ਬਿਆਨਬਾਜ਼ੀ ਬਾਰੇ ਆਪਣੇ ਵਿਚਾਰਾਂ ਅਤੇ ਜਾਣਕਾਰੀ ਬਾਰੇ ਦੱਸ ਦਿੱਤਾ ਹੈ। ”

ਨਵੀਂ ਦਿੱਲੀ
20 ਦਸੰਬਰ, 2020

DISCLAIMER: This is an approximate translation. The original is available in English on MEA’s website and may be referred to as the official press release.